# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਕੱਲ੍ਹ ਹੋਈ ਕੇਂਦਰੀ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਕਈ ਵੱਡੇ ਫੈਸਲੇ ਲਏ ਗਏ। ਇਨ੍ਹਾਂ ਵਿੱਚ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਵਿੱਚ 70 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸਾਰੇ ਸੀਨੀਅਰ ਨਾਗਰਿਕਾਂ ਨੂੰ ਸ਼ਾਮਲ ਕਰਨਾ ਸ਼ਾਮਲ ਹੈ,ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਮੌਸਮ ਮਿਸ਼ਨ ਯੋਜਨਾ ਦੇ ਚੌਥੇ ਪੜਾਅ ਨੂੰ ਮਨਜ਼ੂਰੀ ਦੇਣ ਅਤੇ 38 ਹਜ਼ਾਰ ਤੋਂ ਵੱਧ ਇਲੈਕਟ੍ਰਿਕ ਬੱਸਾਂ ਚਲਾਉਣ ਵਰਗੀਆਂ ਯੋਜਨਾਵਾਂ ਵੀ ਸ਼ਾਮਲ ਨੇ। ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਣਵ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਵਿਚ ਸੀਨੀਅਰ ਸਿਟੀਜਨਾਂ ਨੂੰ ਪੰਜ ਲੱਖ ਰੁਪਏ ਤੱਕ ਤੇ ਮੁਫਤ ਇਲਾਜ ਦੀ ਸਹੂਲਤ ਮਿਲੇਗੀ । 70 ਸਾਲ ਤੋਂ ਵੱਧ ਉਮਰ ਦੇ ਹਰ ਬਜ਼ੁਰਗ ਨੂੰ ਆਯੁਸ਼ਮਾਨ ਯੋਜਨਾ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ ਅਤੇ 70 ਸਾਲ ਤੋਂ ਵੱਧ ਉਮਰ ਦੇ ਹਰ ਬਜ਼ੁਰਗ ਨੂੰ, ਚਾਹੇ ਉਹ ਗਰੀਬ ਹੋਵੇ, ਮੱਧ ਵਰਗ ਜਾਂ ਉੱਚ-ਮੱਧ ਵਰਗ, ਇਹ ਨਵਾਂ ਦਾਇਰਾ ਹੋਵੇਗਾ ਜਿਨ੍ਹਾਂ ਨੂੰ 5 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ ਅਤੇ ਇਸ ਦੇ ਨਾਲ ਦੇਸ਼ ਦੇ ਕਰੀਬ ਸਾਢੇ ਚਾਰ ਕਰੋੜ

ਪਰਿਵਾਰ, ਜਿਨ੍ਹਾਂ ਵਿੱਚ ਕਰੀਬ ਛੇ ਕਰੋੜ ਸੀਨੀਅਰ ਸਿਟੀਜ਼ਨ ਸ਼ਾਮਲ ਹੋਣਗੇ, ਇਸ ਵਿੱਚ ਇਹ ਨਵਾਂ ਜੋੜ ਜੋੜਿਆ ਗਿਆ ਏ।

-----------------------------------------------------------------------------------

ਪੋਸ਼ਣ ਮਾਹ ਸਦਕਾ ਪੰਜਾਬ ਵਿੱਚ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਕੁਪੋਸ਼ਣ ਦੀ ਦਰ 4 ਤੋਂ 2 ਫੀਸਦੀ ਰਹਿ ਗਈ ਏ । ਇਹ ਜਾਣਕਾਰੀ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਸੀਨਾ ਅਗਰਵਾਲ ਨੇ ਮੋਹਾਲੀ ਤੋਂ ਸਾਡੇ ਪੱਤਰਕਾਰ ਨਾਲ ਸਾਂਝੀ ਕੀਤੀ ਏ। ਇਸ ਮੌਕੇ ਇਸਚ ਤਹਿਤ ਉਨ੍ਹਾਂ ਪੰਜਾਬ ਭਰ ਚਲ ਰਹੇ ਪ੍ਰੋਗਰਾਮਾਂ ਅਤੇ ਲੋਕਾਂ ਦੇ ਹਾਂ ਪੱਖੀ ਹੁੰਗਾਰੇ ਤੇ ਖੁਸ਼ੀ ਤੇ ਤਸੱਲੀ ਵੀ ਪ੍ਰਗਟ ਕੀਤੀ ਏ। ਓਹਨਾਂ ਬੀਤੇ ਦਿਨੀਂ ਕੇਂਦਰੀ ਟੀਮ ਵਲੋਂ ਪੰਜਾਬ ਦੇ ਵੱਖ-ਵੱਖ ਜਿਲਿਆਂ ਮੁਹਾਲੀ, ਫਤਹਿਗੜ੍ਹ ਸਾਹਿਬ, ਲੁਧਿਆਣਾ ਆਦਿ ਚ ਦੌਰਾ ਕਰਕੇ ਇਸ ਸਬੰਧੀ ਫੀਡਬੈਕ ਲਈ ਤੇ ਆਂਗਨਵਾੜੀਆਂ ਦਾ ਵੀ ਦੌਰਾ ਕੀਤਾ। **ਬਾਈਟ**

-----------------------------------------------------------------------------------

ਪੰਜਾਬ ਸਰਕਾਰ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਵਸ ਖੱਟਕੜ ਕਲਾਂ ਵਿਖੇ 28 ਤੋਂ 29 ਸਤੰਬਰ ਤੱਕ ਇਨਕਲਾਬ ਫੈਸਟੀਵਲ ਦੇ ਰੂਪ ਵਿਚ ਮਨਾਇਆ ਜਾ ਰਿਹਾ ਏ। ਇਹ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਸਬੰਧੀ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਲਈ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਇਨਕਲਾਬ ਫੈਸਟੀਵਲ ਦੌਰਾਨ ਦੋ ਦਿਨਾਂ ਦਾ

ਪ੍ਰੋਗਰਾਮ ਹੋਵੇਗਾ, ਜਿਸ ਵਿਚ ਕਲਾਕਾਰਾਂ ਤੋਂ ਇਲਾਵਾ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀ ਵੀ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਵੱਖ-ਵੱਖ ਪ੍ਰਦਰਸ਼ਨੀਆਂ ਅਤੇ ਸਟਾਲ ਵੀ ਲਗਾਏ ਜਾਣਗੇ।

--------------------------------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸੰਭਾਵੀ ਸਵਾਈਨ ਫਲੂ ਤੋਂ ਬਚਾਅ ਅਤੇ ਇਸ ਦੀ ਰੋਕਥਾਮ ਸਬੰਧੀ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਵਰਚੂਅਲ ਮੀਟਿੰਗ ਕੀਤੀ ਏ। ਵੀਡੀਓ ਕਾਨਫਰੰਸ ਦੌਰਾਨ ਡਿਪਟੀ ਕਮਿਸ਼ਨਰ ਨੇ ਸਾਰੇ ਹਸਪਤਾਲਾਂ ਵਿੱਚ ਫਲੂ ਕਾਰਨਰ ਅਤੇ ਵਿਸ਼ੇਸ਼ ਵਾਰਡ ਸਥਾਪਤ ਕਰਨ ਦੀ ਹਦਾਇਤ ਦਿੱਤੀ ਤਾਂ ਜੋ ਸਵਾਈਨ ਫਲੂ ਦੀ ਚਪੇਟ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਔਕੜ ਨਾ ਆਵੇ ਅਤੇ ਫੌਰੀ ਤੌਰ 'ਤੇ ਸਿਹਤ ਸਹੂਲਤਾਂ ਦਾ ਲਾਭ ਮਿਲ ਸਕੇ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਆਸ਼ਾ ਵਰਕਰਾਂ ਰਾਹੀਂ ਘਰ-ਘਰ ਲੋਕਾਂ ਨੂੰ ਸਫਾਈਨ ਫਲੂ ਤੋਂ ਬਚਾਅ ਸਬੰਧੀ ਜਾਗਰੂਕ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ, ਵੱਖ-ਵੱਖ ਪਿੰਡਾਂ ਵਿੱਚ ਸਥਾਪਿਤ ਡਿਸਪੈਂਸਰੀਆਂ ਅਤੇ ਹੋਰ ਸਿਹਤ ਸੰਸਥਾਵਾਂ ਵਿੱਚ ਵੀ ਜਾਗਰੂਕਤਾ ਅਭਿਆਨ ਚਲਾਉਣ ਲਈ ਕਿਹਾ। ਇਸ ਮੌਕੇ ਲੁਧਿਆਣਾ ਦੇ ਸਿਵਲ ਸਰਜਨ ਡਾ. ਪ੍ਰਦੀਪ ਮਹਿੰਦਰਾ ਨੇ ਦੱਸਿਆ ਕਿ ਸਵਾਇਨ ਫਲੂ (H1 N1) ਨਾਂ ਦੇ ਵਾਇਰਸ ਰਾਹੀਂ ਹੁੰਦਾ ਹੈ ਜੋ ਕਿ ਇਕ ਤੋਂ ਦੂਜੇ ਮਨੁੱਖ ਵਿੱਚ ਸਾਹ ਰਾਹੀਂ ਫੈਲਦਾ ਏ। ਉਨ੍ਹਾਂ ਦੱਸਿਆ ਕਿ H1 N1 ਦੇ ਲੱਛਣ ਨਿਯਮਤ

ਫਲੂ ਦੇ ਲੱਛਣਾਂ ਦੀ ਨਕਲ ਕਰਦੇ ਹਨ ਜਿਵੇਂ ਕਿ ਬੁਖਾਰ, ਗਲੇ ਵਿੱਚ ਖਰਾਸ਼, ਠੰਢ ਲੱਗਣਾ, ਦਸਤ, ਉਲਟੀਆਂ ਅਤੇ ਕੁੱਝ ਮਾਮਲਿਆਂ ਵਿੱਚ ਹਸਪਤਾਲ ਵਿੱਚ ਭਰਤੀ ਦੀ ਲੋੜ ਹੋ ਸਕਦੀ ਏ।

--------------------------------------------------------------------------------

ਨਗਰ ਕੌਂਸਲ ਕੋਟਕਪੂਰਾ ਵੱਲੋਂ ਸਵੱਛ ਭਾਰਤ ਅਭਿਆਨ ਤਹਿਤ ਜੈਵਿਕ ਖਾਦ ਦੀ ਤਿਆਰੀ ਅਤੇ ਸੁਚੱਜੀ ਵਰਤੋਂ ਸਬੰਧੀ ਕਰਵਾਏ ਗਏ ਜਾਗਰੂਕਤਾ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਨੇ ਸ਼ਿਰਕਤ ਕੀਤੀ ਅਤੇ ਹਾਜਰ ਲੋਕਾਂ ਨੂੰ ਆਲ਼ੇ ਦੁਆਲ਼ੇ ਦੀ ਸਾਫ਼ ਸਫ਼ਾਈ ਰੱਖਣ ਤੇ ਕੁਦਰਤੀ ਖੇਤੀ ਤੇ ਜੈਵਿਕ ਖਾਦਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਨਗਰ ਕੌਸਲ ਵਲੋਂ ਪਿੰਡਾਂ ਅਤੇ ਸ਼ਹਿਰਾ ਵਿੱਚ ਗਿੱਲਾ ਅਤੇ ਸੁੱਕਾ ਕੂੜਾ ਅਲੱਗ ਅਲੱਗ ਬਕਸਿਆਂ ਵਿੱਚ ਇਕੱਤਰ ਕਰਨ ਲਈ ਰੇਹੜੀਆਂ ਲਗਾਈਆਂ ਗਈਆਂ ਨੇ। ਉਨ੍ਹਾਂ ਕਿਹਾ ਕਿ ਖੁਲ੍ਹੇ ਵਿੱਚ ਕੂੜਾ ਸੁੱਟਣ ਨਾਲ ਕਈ ਕਿਸਮ ਦੀਆਂ ਬਿਮਾਰੀਆਂ ਪੈਦਾ ਹੁੰਦੀਆਂ ਨੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੂੜਾ ਖੁੱਲ੍ਹੇ ਵਿੱਚ ਨਾ ਸੁੱਟਿਆ ਜਾਵੇ।

--------------------------------------------------------------------------------

ਰੂਪਨਗਰ ਦੇ ਖ਼ੇਤੀਬਾੜੀ ਅਫ਼ਸਰ ਪੰਕਜ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਡੀਏਪੀ ਖਾਦ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਾਰੇ ਜ਼ਿਲ੍ਹੇ ਵਿੱਚ ਇਕਸਾਰ ਖਾਦ ਦੀ ਉਪਲਬੱਧਤਾ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਵਿਭਾਗ ਦੇ ਧਿਆਨ ਵਿੱਚ ਇੱਕ ਹੋਰ ਮਾਮਲਾ ਲਿਆਂਦਾ

ਗਿਆ, ਜਿਸ ਵਿੱਚ ਉਨ੍ਹਾਂ ਦੱਸਿਆ ਕਿ ਜਦੋਂ ਵੀ ਡੀ.ਏ.ਪੀ. ਖਾਦ ਲੈਣ ਲਈ ਜਾਂਦੇ ਨੇ ਤਾਂ ਉਨ੍ਹਾਂ ਨੂੰ ਨੈਨੋ ਯੂਰੀਆ ਜਾਂ ਹੋਰ ਤਰ੍ਹਾਂ-ਤਰ੍ਹਾਂ ਦੇ ਪ੍ਰੋਡਕਟ ਖਰੀਦਣ ਲਈ ਮਜਬੂਰ ਕੀਤਾ ਜਾਂਦਾ ਏ, ਜਿਸਦੀ ਉਨ੍ਹਾਂ ਨੂੰ ਲੋੜ ਵੀ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਇਸ ਨਜਾਇਜ ਵਿਕਰੀ ਨੂੰ ਵੀ ਬੰਦ ਕਰਵਾਇਆ ਜਾਵੇਗਾ ਅਤੇ ਅਜਿਹਾ ਕਰਨ ਵਾਲਿਆਂ ਤੇ ਖੇਤੀਬਾੜੀ ਵਿਭਾਗ ਵੱਲੋਂ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਏ।

---------------------------------------------------------------------------------

ਪੰਜਾਬ ਅਤੇ ਚੰਡੀਗੜ੍ਹ ਵਿੱਚ ਅੱਜ ਮੀਂਹ ਪੈਣ ਦੀ ਸੰਭਾਵਨਾ ਏ। ਪਿਛਲੇ 24 ਘੰਟਿਆਂ 'ਚ ਖੁਸ਼ਕ ਮੌਸਮ ਕਾਰਨ ਤਾਪਮਾਨ ਵਿੱਚ 2.5 ਡਿਗਰੀ ਦਾ ਵਾਧਾ ਹੋਇਆ ਏ। ਇਸ ਦੇ ਨਾਲ ਹੀ ਸੂਬੇ ਵਿੱਚ ਤਾਪਮਾਨ ਇੱਕ ਵਾਰ ਫਿਰ 37 ਡਿਗਰੀ ਨੂੰ ਪਾਰ ਕਰ ਗਿਆ ਏ। ਇਸ ਦੇ ਨਾਲ ਹੀ ਅੱਜ ਚੰਡੀਗੜ੍ਹ, ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਐ ਸਏਐਸ ਨਗਰ, ਫਤਿਹਗੜ੍ਹ ਸਾਹਿਬ, ਪਟਿਆਲਾ, ਸੰਗਰੂਰ ਅਤੇ ਮਾਨਸਾ ਸਮੇਤ ਪੰਜਾਬ ਦੇ 10 ਜ਼ਿਲ੍ਹਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਜਦਕਿ ਬਾਕੀ ਸਾਰੇ ਜ਼ਿਲ੍ਹਿਆਂ ਵਿੱਚ ਵੀ ਮੀਂਹ ਪੈਣ ਦੇ ਆਸਾਰ ਬਣ ਰਹੇ ਨੇ।